ਸਾਹਿਤਕ ਕਵੀ, ਕਹਾਣੀਕਾਰ, ਲੇਖਕ ਅਤੇ ਗੀਤ ਸੰਗੀਤ ਵਿੱਚ ਰੁਚੀ ਰੱਖਣ ਵਾਲਿਆਂ ਲਈ ਫੋਟੋ ਅਤੇ ਆਪਣੀ ਨਿੱਜੀ ਰਚਨਾ ਭੇਜਣ ਲਈ

Whatsapp No

416 700 9100

vishavpunjabisanjh@gmail.com

ਰੋਜ਼ਾਨਾ

# ਵਿਸ਼ਵ ਪੰਜਾਬੀ ਸਾਂਝ

ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਟਾਂਰੀਓ





ਮੁੱਖ ਸੰਪਾਦਕ
ਡਾ.ਦਲਬੀਰ ਸਿੰਘ ਕਥੂਰੀਆ



Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA

BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS


# ਬਰੈਂਪਟਨ ਵਿਖੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਮੁਖੀ ਜਸਪ੍ਰੀਤ ਸਿੰਘ ਕਰਮਸਰ ਦਾ ਨਿੱਘਾ ਸਵਾਗਤ






















## -ਵਿਸ਼ਵ ਪੰਜਾਬੀ ਭਵਨ ਦੇ ਵਿਹੜੇ ਸਨਮਾਨ ਸਮਾਗਮ ਦਾ ਆਯੋਜਨ

ਬਰੈਂਪਟਨ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ)-

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਸਨਮਾਨ ਸਮਾਗਮ ਦਾ ਆਯੋਜਨ ਕੀਤਾ ਗਿਆ। ਵਿਸ਼ਵ ਪੰਜਾਬੀ ਭਵਨ ਵਿਖੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਵੱਲੋਂ ਰੱਖੇ ਗਏ ਇਸ ਸਨਮਾਨ ਸਮਾਗਮ ਦੇ ਵਿੱਚ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਚੇਅਰਮੈਨ ਧਰਮ ਪ੍ਰਚਾਰ ਕਮੇਟੀ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਖਾਸ ਤੌਰ ਤੇ ਸ਼ਾਮਿਲ ਹੋਏ ਜਿਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਜਦਕਿ ਸਮਾਗਮ ਵਿੱਚ ਵੱਖ-ਵੱਖ ਸ਼ਖਸ਼ੀਅਤਾਂ ਨੇ ਵੀ ਹਾਜ਼ਰੀ ਭਰੀ ਜਿਹਨਾਂ ਵਿੱਚ ਦਵਿੰਦਰ ਸਿੰਘ ਲੱਧੜ, ਸਰਦਾਰ ਟਹਿਲ ਸਿੰਘ ਬਰਾੜ, ਕਮਲਜੀਤ ਸਿੰਘ ਬਰਾੜ, ਜਗੀਰ ਸਿੰਘ ਕਾਹਲੋ, ਡਾਕਟਰ ਦਰਸ਼ਨਦੀਪ ਅਰੋੜਾ, ਡਾਕਟਰ ਸੋਹਨ ਸਿੰਘ ਪਰਮਾਰ, ਸੋਇਬ ਨਾਸਰ, ਸੋਇਬ ਰਾਜਾ, ਖਾਲਿਦ ਅਜੀਜ,ਸਤਪਾਲ ਸਿੰਘ ਕੋਮਲ,ਭੁਪਿੰਦਰ ਸਿੰਘ ਰਤਨ, ਕਮਲਜੀਤ ਸਿੰਘ ਸਾਬਕਾ ਸਿਵਿਲ ਸਰਜਨ ਜਲੰਧਰ , ਅਰਵਿੰਦਰ ਕੌਰ ਸੁਰਿੰਦਰ ਕੌਰ, ਧਿਆਨ ਸਿੰਘ ਮਗਲਾਨੀ ਆਦਿ ਸ਼ਾਮਲ ਸਨ।

ਇਸ ਦੌਰਾਨ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁੱਖ ਉਦੇਸ਼ ਦਿੱਲੀ ਦੇ ਇਤਿਹਾਸਿਕ ਗੁਰਦੁਆਰਾ ਸਾਹਿਬ, ਸਕੂਲ ਅਤੇ ਕਾਲਜ ਵਿੱਚ ਪੜ੍ਹਨ ਵਾਲੇ ਬੱਚਿਆਂ ਨੂੰ ਦੁਨਿਆਵੀ ਸਿੱਖਿਆ ਦੇਣ ਦੇ ਨਾਲ ਨਾਲ ਗੁਰਮਤਿ ਦੀ ਵੀ ਤਾਲੀਮ ਦਿੱਤੀ ਜਾਵੇ। ਗੁਰਦੁਆਰਾ ਸਾਹਿਬ ਦੇ ਚੜਨ ਵਾਲੇ ਚੜਾਵੇ ਨੂੰ ਸਹੀ ਦਿਸ਼ਾ ਭਾਵ ਕਿ ਪੜ੍ਹਨ ਤੋਂ ਅਸਮਰਥ ਗਰੀਬ



ਬੱਚੇ, ਇਲਾਜ ਨਾ ਕਰਵਾਉਣ ਵਾਲੇ ਲੋਕਾਂ ਦੀ ਸਹਾਇਤਾ ਵਿੱਚ ਇਸਤੇਮਾਲ ਕੀਤਾ ਜਾਵੇ।

ਇਸੇ ਤਰਾਂ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਮਤਿ ਕੈਂਪ ਲਗਾਏ ਜਾ ਰਹੇ ਨੇ, ਇਨਾ ਕੈਂਪਾਂ ਰਾਹੀਂ ਸਿੱਖ ਹੋਣ ਦੇ ਬਾਵਜੂਦ ਪੰਜਾਬੀ, ਪੰਜਾਬੀਅਤ ਤੇ ਧਰਮ ਦੇ ਇਤਿਹਾਸ ਤੋਂ ਦੂਰ ਪੰਜਾਬੀਆਂ ਨੂੰ ਵਾਪਸ ਧਰਮ ਨਾਲ ਜੋੜਨ ਲਈ ਕੰਮ ਕੀਤੇ ਜਾ ਰਹੇ ਨੇ। ਦਿੱਲੀ ਵਿੱਚ ਲਗਾਏ ਜਾ ਰਹੇ ਗੁਰਮਤਿ ਕੈਂਪਾਂ ਵਿੱਚ ਭਾਗ ਲੈਣ ਵਾਲੇ ਬੱਚਿਆਂ ਦੀ ਸੰਖਿਆ ਵਿੱਚ ਦਿਨ ਬ ਦਿਨ ਵਾਧਾ ਹੁੰਦਾ ਜਾ ਰਿਹਾ। ਜਿਸ ਤੋਂ ਸਾਬਿਤ ਹੁੰਦਾ ਹੈ ਕਿ ਧਰਮ ਪ੍ਰਚਾਰ ਕਮੇਟੀ ਆਪਣੇ ਉਦੇਸ਼ ਵਿੱਚ ਸਫਲ ਹੋ ਰਹੀ ਹੈ।

ਅੰਤ ਵਿੱਚ ਵਿਸ਼ਵ ਪੰਜਾਬੀ ਸਭਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਵੱਲੋਂ ਜਸਪ੍ਰੀਤ ਸਿੰਘ ਕਰਮਸਰ ਨੂੰ ਸਨਮਾਨਿਤ ਕੀਤਾ ਗਿਆ।

ਮੰਚ ਸੰਚਾਲਨ ਪ੍ਰੋਫੈਸਰ ਜਗੀਰ ਸਿੰਘ ਕਾਹਲੋ ਅਤੇ ਪ੍ਰੋਫੈਸਰ ਦਰਸ਼ਨਦੀਪ ਅਰੋੜਾ ਵੱਲੋਂ ਕੀਤਾ ਗਿਆ।

ਇਸ ਮੌਕੇ ਤੇ ਸਰਪ੍ਰਸਤ ਡਾਕਟਰ ਬਲਵਿੰਦਰ ਸਿੰਘ ਧਾਲੀਵਾਲ, ਮੁੱਖ ਸਲਾਹਕਾਰ ਡਾਕਟਰ ਜੋਗਾ ਸਿੰਘ, ਪ੍ਰਧਾਨ ਕੈਨੇਡਾ ਵਿੰਗ ਡਾਕਟਰ ਸੋਹਨ ਸਿੰਘ ਪਰਮਾਰ, ਸਰਪ੍ਰਸਤ ਇਸਤਰੀ ਵਿੰਗ ਸ੍ਰੀਮਤੀ ਸੁੰਦਰਪਾਲ ਰਾਜਾਸੰਸੀ, ਸਰਪਰਸਤ ਇਸਤਰੀ ਵਿੰਗ ਸ਼੍ਰੀਮਤੀ ਸੁਰਜੀਤ ਕੌਰ, ਮੀਡੀਆ ਇੰਚਾਰਜ ਸਰਦਾਰ ਜਸਵਿੰਦਰ ਸਿੰਘ ਬਿੱਟਾ ਸਮੇਤ ਵੱਖ ਵੱਖ ਸ਼ਖਸ਼ੀਅਤਾਂ ਵੀ ਮੌਜੂਦ ਸਨ।


AXLE Car Rental
Enjoy The Ride!
905.917.0818
We Provide: • Insurance Replacement Rental
• We Deal With All Insurance Companies
• All New Models of Cars, Suv's & Mini Vans
• Free Local Shuttle Service
axlecarrental@gmail.com
www.AxleCarRental.com
1365 Mid-Way Blvd. Unit 10, Mississauga, ON L5T 2J5

HOMELIFE HIGHER STANDARDS
Homelife Silvercity Realty Inc., Brokerage
KANWAR BRAR
Broker
Direct: 416-737-4971
Office: 905.913.8500
Email: kanwarjitbrar@hotmail.com
11775 Bramalea Rd # 201, Brampton, Ontario L6R 3Z4
"Success Is Never Final"





TEAM GET SOLD







INDER ARORA
(BROKER)
(416) 525.7400
RAMAN KATHURIA
(BROKER)
(416) 709.6100




# ਐਡਵੋਕੇਟ ਧਾਮੀ ਨੇ ਭਾਰਤ-ਕੈਨੇਡਾ ਦੇ ਰਿਸ਼ਤਿਆਂ 'ਚ ਵਧੀ ਦੂਰੀ 'ਤੇ ਪ੍ਰਗਟਾਈ ਚਿੰਤਾ, ਕਿਹਾ- ਦੋਵੇਂ ਦੇਸ਼ ਸੁਹਿਰਦਤਾ ਨਾਲ ਮਾਮਲੇ ਦਾ ਹੱਲ ਕੱਢਣ



ਅੰਮ੍ਰਿਤਸਰ ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- )ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਅਤੇ ਕੈਨੇਡਾ ਦੇ ਆਪਸੀ ਰਿਸ਼ਤਿਆਂ ਵਿਚ ਵੱਧ ਰਹੀਆਂ ਦੂਰੀਆਂ 'ਤੇ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਹੈ ਕਿ ਦੋਹਾਂ ਦੇਸ਼ਾਂ ਨੂੰ ਇਕ ਸੁਹਿਰਦ ਪਹੁੰਚ ਅਪਣਾ ਕੇ ਮਾਮਲੇ ਦਾ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕੈਨੇਡਾ ਅੰਦਰ ਵੱਡੀ ਗਿਣਤੀ ਵਿਚ ਭਾਰਤੀ ਅਤੇ ਖਾਸਕਰ ਪੰਜਾਬੀ ਵੱਸਦੇ ਹਨ, ਜਿਨ੍ਹਾਂ 'ਤੇ ਦੋਹਾਂ ਦੇਸ਼ਾਂ ਦੇ ਵਿਗੜਦੇ ਰਿਸ਼ਤਿਆਂ ਦਾ ਅਸਰ ਪੈਣਾ ਕੁਦਰਤੀ ਹੈ। ਪ੍ਰਧਾਨ ਨੇ ਕਿਹਾ ਕਿ ਬੀਤੇ ਸਮੇਂ ਅੰਦਰ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਮਾਮਲੇ ਵਿਚ ਇਕ ਦੂਜੇ ਵਿਰੁੱਧ ਦੂਸ਼ਣਬਾਜ਼ੀ ਨਹੀਂ ਸਗੋਂ ਸਿੱਟਾਮੁਖੀ ਪਹੁੰਚ ਅਪਨਾਈ ਜਾਵੇ। ਐਡਵੋਕੇਟ ਧਾਮੀ ਨੇ ਆਖਿਆ ਕਿ ਇਸ ਗੰਭੀਰ ਮਸਲੇ 'ਤੇ ਸਿਆਸਤ ਨਹੀਂ ਹੋਣੀ ਚਾਹੀਦੀ। ਉਨ੍ਹਾਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਇਸ 'ਤੇ ਬਣਦੀ ਨਿਰਪੱਖ ਜਾਂਚ ਕਰਵਾਉਣ, ਤਾਂ ਜੋ ਸਥਿਤੀ ਸਪੱਸ਼ਟ ਹੋ ਸਕੇ।

# ਸਿਹਤ ਸੁਰੱਖਿਆ ਪ੍ਰਤੀ ਸੁਝਾਵਾਂ ਲਈ ਓ.ਐੱਮ.ਏ. ਲਾਂਚ ਕਰੇਗੀ 'ਸਟਾਪ ਦੀ ਕ੍ਰਾਇਸਸ'

ਓਂਟਾਰੀਓ,(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਓਂਟਾਰੀਓ ਦੇ ਡਾਕਟਰਾਂ ਨੇ ਸੂਬਾ ਸਰਕਾਰ ਨੂੰ ਸਿਹਤ ਸੁਰੱਖਿਆ ਦੇ ਨਿਘਾਰ ਤੋਂ ਬਾਹਰ ਆਉਣ ਲਈ ਕੁੱਝ ਸੁਝਾਅ ਦਿੱਤੇ ਹਨ। ਬੁੱਧਵਾਰ ਨੂੰ ਦੀ ਓਂਟਾਰੀਓ ਮੈਡੀਕਲ ਐਸੋਸੀਏਸ਼ਨ (ਓ.ਐੱਮ.ਏ.) ਨੇ ਲੋਕਾਂ ਦੀ ਸਿਹਤ ਪ੍ਰਤੀ ਸਰਕਾਰ ਦਾ ਧਿਆਨ ਲਿਆਉਣ ਲਈ ਆਪਣੀ ਪਹਿਲਕਦਮੀ 'ਸਟਾਪ ਦੀ ਕ੍ਰਾਇਸਸ' ਲਾਂਚ ਕੀਤੀ। ਜਿਸ ਵਿਚ 6 ਮਹੱਤਵਪੂਰਨ ਖੇਤਰਾਂ ਬਾਰੇ ਦੱਸਿਆ ਗਿਆ ਹੈ, ਜਿਨ੍ਹਾਂ ਵੱਲ ਧਿਆਨ ਦੇ ਕੇ ਲੋਕਾਂ ਦੀ ਸਿਹਤ ਸੰਭਾਲੀ ਜਾ ਸਕਦੀ ਹੈ।




ਲਗਭਗ 2.5 ਮਿਲੀਅਨ ਓਂਟਾਰੀਓ ਵਾਸੀ ਫੈਮਿਲੀ ਡਾਕਟਰ ਤੋਂ ਬਿਨਾਂ ਹਨ। ਇਹ ਅੰਕੜਾ 2026 ਤੱਕ 25% ਤੱਕ ਵਧ ਜਾਵੇਗਾ। ਕਈ ਭਾਈਚਾਰਿਆਂ 'ਚ ਐਮਰਜੈਂਸੀ ਵਿਭਾਗ ਵਿਚ ਸਮਰੱਥਾ ਤੋਂ ਵੱਧ ਮਰੀਜ਼ ਆ ਰਹੇ ਹਨ ਤੇ ਕਈਆਂ ਨੂੰ ਤਾਂ ਖੁੱਲ੍ਹੇ ਰਹਿਣ ਲਈ ਹੀ ਸੰਘਰਸ਼ ਕਰਨਾ ਪੈ ਰਿਹਾ ਹੈ। 89% ਓਨਟਾਰੀਓ ਵਾਸੀ ਓਂਟਾਰੀਓ ਦੇ ਸਿਹਤ ਸੁਰੱਖਿਆ ਸਿਸਟਮ ਪ੍ਰਤੀ ਚਿੰਤਤ ਹਨ। ਇਹ ਪ੍ਰਾਥਮਿਕਤਾਵਾਂ ਚੋਣਾਂ ਤੇ ਵੀ ਪ੍ਰਭਾਵ ਪਾ ਸਕਦੀਆਂ ਹਨ।

# ਅਕਾਲੀ ਦਲ ਪ੍ਰਧਾਨ ਵੱਲੋਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ, ਮੰਗੀ ਮੁਆਫੀ



ਬਠਿੰਡਾ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਅਕਾਲੀ ਦਲ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਵੱਲੋਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਭੂੰਦੜ ਵੱਲੋਂ ਵਲਟੋਆ ਦੀ ਨਿੰਦਿਆ ਕੀਤੀ ਗਈ। ਇਸ ਦੇ ਨਾਲ ਹੀ ਬਾਕੀਆਂ ਨੂੰ ਵੀ ਵਾਰਨਿੰਗ ਕੀਤੀ ਗਈ ਕਿ ਉਹ ਮਰਿਆਦਾ ਵਿੱਚ ਰਹਿਣ। ਇਸ ਤੋਂ ਇਲਾਵਾ ਭੂੰਦੜ ਦੇ ਵੱਲੋਂ ਜਥੇਦਾਰ ਸਾਹਿਬ ਤੋਂ ਮਾਫੀ ਵੀ ਮੰਗੀ ਗਈ। ਭੂੰਦੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਕਾਲ ਤਖਤ ਸਾਹਿਬ ਤੋਂ ਆਏ ਹੁਕਮ ਅਤੇ ਤਖਤਾਂ ਦੇ ਜਥੇਦਾਰਾਂ ਦੇ ਹਰ ਹੁਕਮ ਪ੍ਰਵਾਨ ਹਨ। ਉਹਨਾਂ ਨੇ ਕਿਹਾ ਕਿ ਜਥੇਦਾਰਾਂ ਦੀ ਸ਼ਾਨ ਦੇ ਖਿਲਾਫ ਕੋਈ ਵੀ ਨਾ ਬੋਲੇ, ਜਿਹੜਾ ਬੋਲੇਗਾ, ਉਸ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ ਅਕਾਲੀ ਦਲ ਪ੍ਰਧਾਨ ਵੱਲੋਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ, ਮੰਗੀ ਮੁਆਫੀ












# SGPC ਨੇ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫ਼ਾ ਕੀਤਾ ਰੱਦ



ਅੰਮ੍ਰਿਤਸਰ– (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਸ਼ੋਮਣੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਦਿੱਤਾ ਅਸਤੀਫ਼ਾ ਰੱਦ ਕਰ ਦਿੱਤਾ ਹੈ। ਇਸ ਦੌਰਾਨ ਉਨ੍ਹਾਂ ਨੇ ਕਿਹਾ ਕਿ ਹਰਪ੍ਰੀਤ ਸਿੰਘ ਦੀ ਸੇਵਾਵਾਂ ਦੀ ਬਹੁਤ ਲੋੜ ਹੈ। ਮੈਂ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫ਼ਾ ਰੱਦ ਕਰਦਾ ਹਾਂ। ਹਰਪ੍ਰੀਤ ਸਿੰਘ ਜੀ ਨੂੰ ਬੇਨਤੀ ਕੀਤੀ ਗਈ ਕਿ ਤੁਸੀਂ ਸਾਡੀ ਅਗਵਾਈ ਕਰਦੇ ਰਹੋ।

## ਗਿਆਨੀ ਹਰਪ੍ਰੀਤ ਸਿੰਘ ਦੇ ਮਾਮਲੇ 'ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਖ਼ਤ ਚਿਤਾਵਨੀ



ਚੰਡੀਗੜ੍ਹ : ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਧਮਕੀਆਂ ਦੇਣ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਚੋਰੀ ਛਿਪੇ ਰਿਕਾਰਡਿੰਗ ਕੀਤੇ ਜਾਣ ਦੀ ਘਟਨਾ ਦੀ ਮੁੱਖ ਮੰਤਰੀ ਭਗਵੰਤ ਮਾਨ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਬੀਤੇ ਦਿਨੀਂ ਜਿਹੜਾ ਘਟਨਾਕ੍ਰਮ ਵਾਪਰਿਆ ਹੈ, ਉਸ ਨਾਲ ਸਾਰੀ ਦੁਨੀਆ ਵਿਚ ਵੱਸਦੇ ਸਿੱਖਾਂ ਦੇ ਹਿਰਦੇ ਵਲੂੰਧਰੇ ਗਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵੱਡਾ ਰੁਤਬਾ ਹੈ, ਤਖ਼ਤਾਂ ਦੇ ਜਥੇਦਾਰ ਸਾਹਿਬਾਨ ਸਤਿਕਾਰਯੋਗ ਹਨ ਪਰ ਬੀਤੇ ਦਿਨੀਂ ਸਿਆਸੀ ਪਾਰਟੀਆਂ ਨਾਲ ਜੁੜੇ ਵਿਅਕਤੀਆਂ ਨੇ ਜਥੇਦਾਰ ਸਾਹਿਬਾਨ 'ਤੇ ਨਿਰਆਧਾਰ ਦੋਸ਼ ਲਗਾ ਕੇ ਉਨ੍ਹਾਂ ਦੀ ਕਿਰਦਾਰਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬਤੌਰ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਧਰਮ ਵਿਚ ਦਖਲ-ਅੰਦਾਜ਼ੀ ਨਹੀਂ ਕਰਦੀ ਪਰ ਜੇਕਰ ਕੋਈ ਸਿਆਸੀ ਵਿਅਕਤੀ ਵਲੋਂ ਜਥੇਦਾਰ ਸਾਹਿਬਾਨ ਨੂੰ ਧਮਕਾਇਆ ਜਾਂਦਾ ਹੈ ਅਤੇ ਪਰਿਵਾਰ ਦੀ ਕਿਰਦਾਰਕੁਸ਼ੀ ਕੀਤੀ ਜਾਂਦੀ ਹੈ, ਫੇਕ ਆਈ. ਡੀ. ਤੋਂ ਕਿਸੇ ਨਾ ਕਿਸੇ ਰੂਪ ਵਿਚ ਜਲਾਲਤ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਤਾਂ ਉਹ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## MP ਔਜਲਾ ਨੇ CM ਮਾਨ ਨੂੰ ਲਿਖੀ ਚਿੱਠੀ, ਵਿਰਸਾ ਸਿੰਘ ਵਲਟੋਹਾ ਖਿਲਾਫ਼ ਮਿਸਾਲੀ ਸਜ਼ਾ ਦੀ ਕੀਤੀ ਮੰਗ



ਅੰਮ੍ਰਿਤਸਰ (ਕਮਲ)- ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਚਿੱਠੀ ਲਿਖ ਕੇ ਮੰਗ ਕੀਤੀ ਹੈ ਕਿ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਧਮਕਾਉਣ ਤੇ ਕਿਰਦਾਰਕੁਸ਼ੀ ਕਰਨ ਦੇ ਮਾਮਲੇ ਵਿਚ ਉਨ੍ਹਾਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾਵੇ। ਸੰਸਦ ਮੈਂਬਰ ਨੇ ਲਿਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਨਮੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਵਲਟੋਹਾ ਵੱਲੋਂ ਜਥੇਦਾਰ ਸਾਹਿਬ ਨੂੰ ਧਮਕਾਉਣ ਦੀ ਮੰਦਭਾਗੀ ਘਟਨਾ ਨੇ ਹਰ ਸਿੱਖ ਦੇ ਮਨ ਨੂੰ ਸੱਟ ਮਾਰੀ ਹੈ, ਜੋ ਕਿ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਛੇਵੇਂ ਪਾਤਸ਼ਾਹ ਦੇ ਸਮੇਂ ਤੋਂ ਸਮੁੱਚੀ ਸਿੱਖ ਕੌਮ ਦੀ ਧਾਰਮਿਕ ਤੇ ਰਾਜਨੀਤਕ ਅਗਵਾਈ ਕਰ ਰਿਹਾ ਹੈ ਤੇ ਹਰ ਸ਼ਰਧਾਵਾਨ ਸਿੱਖ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਨਿਸ਼ਠਾ ਨਾਲ ਸਮਰਪਿਤ ਹੈ।

## ਕੌਮ ਨੂੰ ਅਣਖ਼ ਨਾਲ ਜਿਉਣ ਦੀ ਅਗਵਾਈ ਦੇਣ ਲਈ ਬਾਕੀ ਸਿੰਘ ਸਹਿਬਾਨਾਂ ਵੀ ਭਾਈ ਹਰਪ੍ਰੀਤ ਸਿੰਘ ਦਾ ਦੇਣ ਸਾਥ :



ਬੀਬੀ ਇੰਦਰਜੀਤ ਕੌਰ

ਬਰੈਂਪਟਨ : ਪਿੰਗਲਵਾੜਾ ਦੇ ਮੁਖੀ ਬੀਬੀ ਡਾ.ਇੰਦਰਜੀਤ ਕੌਰ ਨੇ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਬਰਦਾਸ਼ਤ ਤੋਂ ਬਾਹਰ ਹੋਣ ਤੋਂ ਬਾਅਦ ਹੀ ਬਹੁਤ ਮਜਬੂਰ ਹੋ ਕੇ ਆਪਣੀ ਪਦਵੀ ਤੋਂ ਅਸਤੀਫਾ ਦਿੱਤਾ ਹੈ, ਇਹ ਇੱਕ ਮੰਦਭਾਗਾ ਘਟਨਾਕ੍ਰਮ ਹੈ, ਜੋਕਿ ਕਾਫੀ ਨਿੰਦਣਯੋਗ ਹੈ। ਇਸ ਘਟਨਾਕ੍ਰਮ ਨੇ ਦਿਲ ਵਲੂੰਦਰ ਕੇ ਰੱਖ ਦਿੱਤਾ। ਬਲਕਿ ਬਾਕੀ ਸਿੰਘ ਸਹਿਬਾਨਾਂ ਨੂੰ ਇੱਕਜੁੱਟਤਾ ਦਾ ਪ੍ਰਗਟਾਵਾ ਕਰਦੇ ਹੋਏ ਉਨਾਂ ਦਾ ਸਾਥ ਦਿੱਤਾ ਜਾਣਾ ਚਾਹੀਦਾ ਹੈ। ਕਿਉਂਕਿ ਅੱਜ ਕੌਮ ਨੂੰ ਅਣਖ਼ ਨਾਲ ਜਿਉਣ ਵਾਲੀ ਅਗਵਾਈ ਦੇਣ ਦੀ ਜ਼ਰੂਰਤ ਹੈ।

ਗਿਆਨੀ ਹਰਪ੍ਰੀਤ ਸਿੰਘ ਜੀ ਦੀ ਅਗਵਾਈ ਹੇਠ ਕਾਫੀ ਚੰਗੇ ਕੰਮ ਹੋਏ ਹਨ, ਜਿਨਾਂ ਨੂੰ ਭੁੱਲਣਾ ਨਹੀਂ ਚਾਹੀਦਾ।

## ਨਾਇਬ ਸੈਣੀ ਦੂਜੀ ਵਾਰ ਬਣੇ ਹਰਿਆਣਾ ਦੇ ਮੁੱਖ ਮੰਤਰੀ : 13 ਮੰਤਰੀ ਬਣਾਏ, ਵੱਧ ਤੋਂ ਵੱਧ 5 OBC ਚਿਹਰੇ, 2 ਔਰਤਾਂ ਸ਼ਾਮਲ



ਦਿੱਲੀ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਹਰਿਆਣਾ ਦੀ ਪਹਿਲੀ ਕੈਬਨਿਟ ਮੀਟਿੰਗ ਵਿੱਚ ਨਾਇਬ ਸੈਣੀ ਨੇ ਦੂਜੀ ਵਾਰ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਸੈਣੀ ਸੂਬੇ ਦੇ 19ਵੇਂ ਮੁੱਖ ਮੰਤਰੀ ਬਣੇ ਹਨ। ਹਾਲਾਂਕਿ ਮੁੱਖ ਮੰਤਰੀ ਦੇ ਅਹੁਦੇ ਤੱਕ ਪਹੁੰਚਣ ਵਾਲੇ 11ਵੇਂ ਨੇਤਾ ਹਨ। ਪੰਚਕੂਲਾ ਦੇ ਦੁਸਹਿਰਾ ਗਰਾਊਂਡ ਵਿੱਚ ਸਹੁੰ ਚੁੱਕ ਸਮਾਗਮ ਹੋਇਆ। ਇਸ ਸਮਾਰੋਹ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਭਾਜਪਾ ਪ੍ਰਧਾਨ ਜੇਪੀ ਨੱਡਾ, ਕੇਂਦਰੀ ਮੰਤਰੀ ਅਮਿਤ ਸ਼ਾਹ, ਨਿਤਿਨ ਗਡਕਰੀ ਅਤੇ ਰਾਜਨਾਥ ਸਿੰਘ ਦੇ ਨਾਲ-ਨਾਲ 18 ਰਾਜਾਂ ਦੇ ਮੁੱਖ ਮੰਤਰੀ ਅਤੇ ਉਪ ਮੁੱਖ ਮੰਤਰੀ ਵੀ ਸਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਹੋਏ।

## ਬਰੈਂਪਟਨ ਦੇ ਦੂਜੇ ਸਾਲਾਨਾ ਦੀਵਾਲੀ ਮੇਲੇ `ਚ ਅੰਤਰਰਾਸ਼ਟਰੀ ਕਲਾਕਾਰ ਪਾਉਣਗੇ ਧਮਾਲਾਂ

ਬਰੈਂਪਟਨ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਬਰੈਂਪਟਨ ਸ਼ਹਿਰ ਆਪਣੇ ਨਿਵਾਸੀਆਂ ਨੂੰ ਰੌਸ਼ਨੀ ਦਾ ਤਿਉਹਾਰ ਮਨਾਉਣ ਲਈ ਦੂਜੇ ਸਾਲਾਨਾ ਦੀਵਾਲੀ ਮੇਲੇ ਤੇ ਸੱਦਾ ਦਿੰਦਾ ਹੈ। ਇਸ ਮੁਫ਼ਤ ਪਰਿਵਾਰਕ ਸਮਾਗਮ ਵਿਚ ਲੋਕਲ ਦੇ ਨਾਲ-ਨਾਲ ਅੰਤਰਰਾਸ਼ਟਰੀ ਕਲਾਕਾਰ ਆਪਣੀ ਕਲਾ ਦੇ ਜੌਹਰ ਵਿਖਾਉਣਗੇ। ਉਦਘਾਟਨੀ ਪੇਸ਼ਕਾਰੀ ਗੁਰਪ੍ਰੀਤ ਮਾਨ, ਜੀ. ਸਿੱਧੂ, ਚੰਨੀ ਨੱਤਾਂ ਅਤੇ ਇੰਦਰਪਾਲ ਮੋਗਾ ਦੇਣਗੇ। ਸਮਾਗਮ `ਚ ਨੱਚਦੀ ਜਵਾਨੀ ਭੰਗੜਾ ਗਰੁੱਪ, ਤਾਜ ਇੰਟਰਟੇਨਮੈਂਟ ਅਤੇ ਡੀਜੇ ਪ੍ਰਿੰਸ ਵਲੋਂ ਵੀ ਦਮਦਾਰ ਪੇਸ਼ਕਾਰੀ ਦਿੱਤੀ ਜਾਵੇਗੀ। ਦਰਸ਼ਕ ਇੱਥੇ ਸ਼ਹਿਰ ਦੇ ਸਭ ਤੋਂ ਵੱਡੇ ਫਾਇਰਵਰਕਸ ਸ਼ੋਅ ਦਾ ਵੀ ਆਨੰਦ ਲੈ ਸਕਣਗੇ। ਸਮਾਗਮ ਸੈਸਕੀਸਨਟੈਨੀਅਲ ਪਾਰਕ, 11333, ਬਰੈਮਲੀ ਰੋਡ, ਬਰੈਂਪਟਨ, ਓਨਟਾਰੀਓ ਵਿਖੇ ਸ਼ੁੱਕਰਵਾਰ, 1 ਨਵੰਬਰ, 2024 ਨੂੰ ਹੋਵੇਗਾ। ਇਹ ਸਮਾਗਮ ਸ਼ਾਮ 4 ਵਜੇ ਤੋਂ ਰਾਤ 10 ਵਜੇ ਤੱਕ ਚੱਲੇਗਾ। ਸਮਾਗਮ ਵਾਲੀ ਜਗਹਾ ਤੇ ਵਾਹਨਾਂ ਦੀ ਪਾਰਕਿੰਗ ਬਹੁਤ ਲਿਮਿਟਡ ਹੈ। ਇਸ ਲਈ ਨਿਵਾਸੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਮੁਫ਼ਤ ਬਰੈਂਪਟਨ ਟਰਾਂਜਿਟ ਸ਼ਟਲ ਦਾ ਲਾਭ ਲੈਣ, ਜੋ ਕਿ ਦੁਪਹਿਰ 3:30 ਵਜੇ ਤੋਂ ਹਰ ਅੱਧੇ ਘੰਟੇ ਬਾਅਦ ਸ਼ਹਿਰ ਦੀਆਂ ਚਾਰ ਲੋਕੇਸ਼ਨਾਂ ਮਾਊਂਟ ਪਲੀਜ਼ੈਂਟ ਗੋ ਸਟੇਸ਼ਨ, ਸ਼ੈਰੀਡਨ ਕਾਲਜ, ਗੋਰ ਮਿਡੋਅ ਕਮਿਉਨਿਟੀ ਸੈਂਟਰ ਅਤੇ ਸੇਵ ਮੈਕਸ ਸਪੋਰਟਸ ਸੈਂਟਰ ਤੋਂ ਚੱਲੇਗੀ। ਬੰਦ ਰਸਤੇ, ਪਾਰਕਿੰਗ, ਆਵਾਜਾਈ ਤੇ ਹੋਰ ਜਾਣਕਾਰੀ brampton.ca/diwali `ਤੇ ਉਪਲੱਬਧ ਹੈ।









# ਮਾਣ ਧੀਆਂ ਤੇ...ਪੰਜਾਬ ਦੇ ਮਲੋਟ ਦੀ ਕੁੜੀ ਹਰਿਆਣਾ ਜੁਡੀਸ਼ੀਅਲ ਸਰਵਿਸ ਪਾਸ ਕਰਕੇ ਬਣੀ ਜੱਜ

ਮਲੋਟ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਮਲੋਟ ਦੇ ਨਾਗਪਾਲ ਪਰਿਵਾਰ 'ਚ ਪੈਦਾ ਹੋਈ ਕਰਤਿਕਾ ਨਾਗਪਾਲ ਨੇ ਹਰਿਆਣਾ ਜੁਡੀਸ਼ੀਅਲ ਸਰਵਿਸ ਪ੍ਰੀਖਿਆ ਪਾਸ ਕਰਕੇ ਜੱਜ ਦਾ ਅਹੁਦਾ ਪ੍ਰਾਪਤ ਕਰ ਲਿਆ ਨੇ ਹੈ। ਸ੍ਰੀ ਲਵਲੀ ਨਾਗਪਾਲ ਤੇ ਰਜਨੀ ਨਾਗਪਾਲ ਦੀ ਹੋਣਹਾਰ ਸਪੁੱਤਰੀ ਕਰਤਿਕਾ ਨੇ ਮਲੋਟ ਦੇ ਕਾਨਵੈਂਟ ਸਕੂਲ ਤੋਂ ਦਸਵੀਂ ਜਮਾਤ ਪਾਸ ਕਰਨ ਉਪਰੰਤ ਗਿਆਰਵੀਂ ਤੇ ਬਾਰਵੀਂ ਡੀਏਵੀ ਸਕੂਲ ਮਲੋਟ ਦੇ ਸਕੂਲ 'ਚ ਟਾਪਰ ਰਹਿ ਕੇ ਪਾਸ ਕੀਤੀ।



ਜੱਜ ਬਣੀ ਕਰਤਿਕਾ ਨਾਗਪਾਲ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਬੀਏ ਐਲਐਲਬੀ ਪਿੱਛੋਂ ਪਹਿਲਾ ਸਥਾਨ ਹਾਸਲ ਕਰਦੇ ਹੋਏ ਸੋਨ ਤਮਗਾ ਪ੍ਰਾਪਤ ਕੀਤਾ ਤੇ ਹੁਣ ਇਸ ਮਲੋਟ ਦੀ ਹੋਣਹਾਰ ਧੀ ਨੇ ਆਪਣੇ ਇਲਾਕੇ ਤੇ ਮਾਪਿਆਂ ਦਾ ਨਾਂ ਰੋਸ਼ਨ ਕਰਦੇ ਹੋਏ ਹਰਿਆਣਾ ਜੁਡੀਸ਼ੀਅਲ ਸਰਵਿਸ ਪ੍ਰੀਖਿਆ ਪਾਸ ਕੀਤੀ ਹੈ। ਸਿਵਲ ਜੱਜ ਬਣੀ ਕਰਤਿਕਾ ਨਾਗਪਾਲ ਨੇ ਕਿਹਾ ਕਿ ਉਹ ਆਪਣੇ ਪਿਤਾ ਸ੍ਰੀ ਲਵਲੀ ਨਾਗਪਾਲ ਵੱਲੋਂ ਦਿੱਤੇ ਹੌਸਲੇ ਸਦਕਾ 68ਵਾਂ ਰੈਂਕ ਪ੍ਰਾਪਤ ਕਰ ਸਕੀ ਹੈ। ਜੱਜ ਕਰਤਿਕਾ ਨਾਗਪਾਲ ਨੇ ਕਿਹਾ ਕਿ ਉਹ ਸੋਸ਼ਲ ਮੀਡੀਆ ਦੀ ਵਰਤੋਂ ਨਿਰਧਾਰਤ ਸਮੇਂ 'ਚ ਕਰਦੀ ਰਹੀ ਹੈ।

# ਮੁੜ ਮਿਲੀ ਜਹਾਜ਼ ਨੂੰ ਉਡਾਉਣ ਦੀ ਧਮਕੀ, ਮੁੰਬਈ 'ਚ Vistara Flight ਦੀ ਐਮਰਜੈਂਸੀ ਲੈਂਡਿੰਗ




ਮੁੰਬਈ : (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਜਹਾਜ਼ਾਂ ਨੂੰ ਉਡਾਉਣ ਦੀਆਂ ਧਮਕੀਆਂ ਮਿਲ ਰਹੀਆਂ ਹਨ। ਵੀਰਵਾਰ ਨੂੰ ਫਰੈਂਕਫਰਟ, ਜਰਮਨੀ ਤੋਂ ਮੁੰਬਈ ਆ ਰਹੀ ਵਿਸਤਾਰਾ ਫਲਾਈਟ (times 787 aircraft) ਨੂੰ ਬੰਬ ਦੀ ਧਮਕੀ ਦਿੱਤੀ ਗਈ ਸੀ। ਧਮਕੀ ਮਿਲਣ ਤੋਂ ਬਾਅਦ ਫਲਾਈਟ ਨੇ ਮੁੰਬਈ ਦੇ ਛਤਰਪਤੀ ਸ਼ਿਵਾਜੀ ਮਹਾਰਾਜ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਐਮਰਜੈਂਸੀ ਲੈਂਡਿੰਗ ਕਰਵਾਈ। ਇਸ ਤੋਂ ਬਾਅਦ ਫਲਾਈਟ ਨੂੰ ਤੁਰੰਤ ਇਕ ਵੱਖਰੇ ਖੇਤਰ ਵਿਚ ਲਿਜਾਇਆ ਗਿਆ ਅਤੇ ਪੂਰੀ ਤਰ੍ਹਾਂ ਜਾਂਚ ਕੀਤੀ ਗਈ। ਜਾਂਚ 'ਚ ਕੁਝ ਨਹੀਂ ਮਿਲਿਆ।

ਜਾਣਕਾਰੀ ਮੁਤਾਬਕ ਫਲਾਈਟ ਸਵੇਰੇ 7.45 'ਤੇ ਸੁਰੱਖਿਅਤ ਉਤਰ ਗਈ। ਸੂਤਰਾਂ ਮੁਤਾਬਕ ਜਹਾਜ਼ 'ਚ 134 ਯਾਤਰੀ ਅਤੇ 13 ਕਰੂ ਮੈਂਬਰ ਸਵਾਰ ਸਨ। ਵਿਸਤਾਰਾ ਨੇ ਇਕ ਬਿਆਨ ਵਿਚ ਕਿਹਾ ਕਿ ਫਰੈਂਕਫਰਟ-ਮੁੰਬਈ ਫਲਾਈਟ ਨੂੰ ਸੁਰੱਖਿਆ ਅਲਰਟ ਮਿਲਿਆ ਸੀ ਪਰ ਉਹ ਸੁਰੱਖਿਅਤ ਉਤਰ ਗਈ।

## ਧਮਕੀਆਂ ਤੋਂ ਚਿੰਤਤ ਅਮਰੀਕਾ

ਜ਼ਿਕਰਯੋਗ ਹੈ ਕਿ ਜਹਾਜ਼ਾਂ ਨੂੰ ਮਿਲ ਰਹੀਆਂ ਧਮਕੀਆਂ ਨੇ ਯਾਤਰੀਆਂ ਦੀਆਂ ਪਰੇਸ਼ਾਨੀਆਂ ਵਧਾ ਦਿੱਤੀਆਂ ਹਨ। ਅਫਵਾਹਾਂ ਕਾਰਨ ਜਹਾਜ਼ਾਂ ਨੂੰ ਮੋੜਨ ਕਾਰਨ ਲੋਕਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਡਾਣ ਨੂੰ ਉਡਾਉਣ ਦੀਆਂ ਧਮਕੀਆਂ ਨੇ ਵੀ ਅਮਰੀਕਾ ਨੂੰ ਚਿੰਤਤ ਕਰ ਦਿੱਤਾ ਹੈ। ਅਮਰੀਕੀ ਵਿਦੇਸ਼ ਵਿਭਾਗ ਦੇ ਬੁਲਾਰੇ ਮੈਥਿਊ ਮਿਲਰ ਨੇ ਵਾਸ਼ਿੰਗਟਨ 'ਚ ਕਿਹਾ ਕਿ ਵਪਾਰਕ ਉਡਾਣਾਂ ਨੂੰ ਦਿੱਤੀਆਂ ਜਾ ਰਹੀਆਂ ਧਮਕੀਆਂ ਬੇਹੱਦ ਗੰਭੀਰ ਅਤੇ ਅਨੁਚਿਤ ਹਨ।

## ਹਵਾਈ ਜਹਾਜ਼ਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦੇ ਮੱਦੇਨਜ਼ਰ 7 ਸੋਸ਼ਲ ਮੀਡੀਆ ਖਾਤੇ ਮੁਅੱਤਲ

ਭਾਰਤ ਵਿਚਲੀਆਂ ਹਵਾਈ ਉਡਾਣਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦੇ ਮੱਦੇਨਜ਼ਰ ਦੇਸ਼ ਦੀਆਂ ਸਾਈਬਰ ਸੁਰੱਖਿਆ ਏਜੰਸੀਆਂ ਨੇ ਜਾਂਚ ਤੋਂ ਬਾਅਦ ਸੱਤ ਸੋਸ਼ਲ ਮੀਡੀਆ ਖਾਤਿਆਂ ਨੂੰ ਮੁਅੱਤਲ ਜਾਂ ਬਲੌਕ ਕਰ ਦਿੱਤਾ ਹੈ। ਸੂਤਰਾਂ ਨੇ ਏਜੰਸੀ ਨੂੰ ਦੱਸਿਆ ਕਿ ਸਾਈਬਰ, ਹਵਾਬਾਜ਼ੀ ਸੁਰੱਖਿਆ ਅਤੇ ਖੁਫੀਆ ਏਜੰਸੀਆਂ ਦੀ ਇੱਕ ਸੰਯੁਕਤ ਟੀਮ ਵੱਲੋਂ ਇਨ੍ਹਾਂ ਖਾਤਿਆਂ ਦਾ ਮੁਲਾਂਕਣ ਕੀਤਾ ਗਿਆ ਸੀ, ਜਿਸ ਤੋਂ ਬਾਅਦ ਇਨ੍ਹਾਂ ਦੇ ਖਾਤਿਆਂ ਨੂੰ ਮੁਅੱਤਲ ਕਰਨ ਦੇ ਆਦੇਸ਼ ਜਾਰੀ ਕੀਤੇ ਗਏ ਹਨ। ਇਨ੍ਹਾਂ ਸੱਤ ਸੋਸ਼ਲ ਮੀਡੀਆ ਖਾਤਿਆਂ ਵਿਚੋਂ ਜ਼ਿਆਦਾਤਰ ਐਕਸ 'ਤੇ ਬਣਾਏ ਗਏ ਹਨ।

# ਬੰਗਲਾਦੇਸ਼: ਸ਼ੇਖ ਹਸੀਨਾ ਸਮੇਤ 46 ਖਿਲਾਫ਼ ਗ੍ਰਿਫ਼ਤਾਰੀ ਵਾਰੰਟ ਜਾਰੀ



ਢਾਕਾ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਬੰਗਲਾਦੇਸ਼ ਦੇ ਅੰਤਰਰਾਸ਼ਟਰੀ ਅਪਰਾਧ ਟ੍ਰਿਬਿਊਨਲ ਨੇ ਵੀਰਵਾਰ ਨੂੰ ਜਨਤਕ ਵਿਦਿਆਰਥੀ ਅੰਦੋਲਨ ਦੌਰਾਨ ਮਨੁੱਖਤਾ ਵਿਰੁੱਧ ਕਥਿਤ ਅਪਰਾਧਾਂ ਦੇ ਸਬੰਧੀ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਅਤੇ ਅਵਾਮੀ ਲੀਗ ਦੇ ਚੋਟੀ ਦੇ ਨੇਤਾਵਾਂ ਸਮੇਤ 45 ਹੋਰਾਂ ਖ਼ ?ਲਾਫ਼ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤੇ ਹਨ। ਡੇਲੀ ਸਟਾਰ ਦੇ ਮੁੱਖ ਵਕੀਲ ਮੁਹੰਮਦ ਤਾਜੁਲ ਇਸਲਾਮ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਟ੍ਰਿਬਿਊਨਲ ਨੇ ਇਸ ਦੇ ਚੇਅਰਮੈਨ ਜਸਟਿਸ ਮੁਹੰਮਦ ਗੁਲਾਮ ਮੁਰਤੂਜ਼ਾ ਮਜੂਮਦਾਰ ਦੀ ਅਗਵਾਈ ਹੇਠ ਇਹ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਟ੍ਰਿਬਿਊਨਲ ਨੇ ਸਬੰਧਤ ਅਧਿਕਾਰੀਆਂ ਨੂੰ ਹਸੀਨਾ ਸਮੇਤ 46 ਵਿਅਕਤੀਆਂ ਨੂੰ 18 ਨਵੰਬਰ ਤੱਕ ਗ੍ਰਿਫ਼ਤਾਰ ਕਰ ਅਦਾਲਤ ਸਾਹਮਣੇ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਅਗਸਤ ਵਿਚ ਬੰਗਲਾਦੇਸ਼ ਦੀ ਅੰਤਰਿਮ ਸਰਕਾਰ ਨੇ ਕਿਹਾ ਸੀ ਕਿ ਉਹ ਹਸੀਨਾ ਦੀ ਅਗਵਾਈ ਵਾਲੀ ਸਰਕਾਰ ਦੇ ਖਿਲਾਫ਼ ਵਿਦਿਆਰਥੀਆਂ ਦੇ ਹਾਲ ਹੀ ਵਿੱਚ ਹੋਏ ਜਨਤਕ ਅੰਦੋਲਨ ਦੌਰਾਨ ਹੋਈਆਂ ਹੱਤਿਆਵਾਂ ਵਿੱਚ ਸ਼ਾਮਲ ਲੋਕਾਂ ਵਿਰੁੱਧ ਅੰਤਰਰਾਸ਼ਟਰੀ ਅਪਰਾਧ ਟ੍ਰਿਬਿਊਨਲ ਵਿੱਚ ਮੁਕੱਦਮਾ ਚਲਾਏਗੀ। ਬੰਗਲਾਦੇਸ਼ ਵਿੱਚ ਹਸੀਨਾ ਸਰਕਾਰ ਦੇ ਪਤਨ ਤੋਂ ਬਾਅਦ ਦੇਸ਼ ਭਰ ਵਿੱਚ ਭੜਕੀ ਹਿੰਸਾ ਦੀਆਂ ਘਟਨਾਵਾਂ ਵਿੱਚ 230 ਤੋਂ ਵੱਧ ਲੋਕ ਮਾਰੇ ਗਏ ਸਨ, ਜਿਸ ਨਾਲ ਪਹਿਲੀ ਵਾਰ ਸਰਕਾਰੀ ਨੌਕਰੀਆਂ ਵਿੱਚ ਇੱਕ ਵਿਵਾਦਪੂਰਨ ਕੋਟਾ ਪ੍ਰਣਾਲੀ ਦੇ ਖਿਲਾਫ ਵਿਦਿਆਰਥੀਆਂ ਦੇ ਵੱਡੇ ਵਿਰੋਧ ਪ੍ਰਦਰਸ਼ਨ ਤੋਂ ਬਾਅਦ ਮਰਨ ਵਾਲਿਆਂ ਦੀ ਗਿਣਤੀ 600 ਤੋਂ ਵੱਧ ਹੋ ਗਈ ਸੀ।




## ਜ਼ਰੂਰੀ ਸੂਚਨਾਂ

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਆਪਣਾ ਰੋਜ਼ਾਨਾ ਅਖ਼ਬਾਰ ਸ਼ੁਰੂ ਕੀਤਾ ਗਿਆ ਹੈ,ਜਿਸ ਦਾ ਨਾਮ 'ਵਿਸਵ ਪੰਜਾਬੀ ਸਾਂਝ'ਰੱਖਿਆ ਗਿਆ ਹੈ। ਤੁਸੀ ਆਪਣੀਆਂ ਰਚਨਾਵਾਂ/ਕਹਾਣੀ/ ਲੇਖ ਜਾਂ ਸਾਹਿਤਕ ਕਿਰਤ ਛੱਪਣ ਲਈ ਭੇਜ ਸਕਦੇ ਹੋ।

ਲਿਖਤਾਂ ਭੇਜਣ ਲਈ ਈਮੇਲ ਪਤਾ
vishavPunjabisanjh@gmail.com

ਲੇਖਕ ਆਪਣਾ ਨਾਮ ਫੋਨ ਨੰਬਰ ਅਤੇ ਫੋਟੋ ਵੀ ਜਰੂਰ ਭੇਜਣ ਦੀ ਕ੍ਰਿਪਾਲਤਾ ਕਰੋਂ

ਨੋਟ : ਅਖ਼ਬਾਰ ਵਿੱਚ ਭੇਜੀਆ ਰਚਨਾਵਾਂ ਜਾਂ ਸਮੱਗਰੀ ਸਾਹਿਤਕ ਅਤੇ ਸੱਭਿਅਕ ਹੋਵੇ ਸਮਾਜ ਨੂੰ ਸੇਧ ਦੇਣ ਵਾਲੀ ਹੋਵੇ।

ਅਖ਼ਬਾਰ ਵਿੱਚ ਸ਼ਾਮਿਲ ਲਿਖਤਾਂ ਤੇ ਵਿਚਾਰਾਂ ਲਈ ਲੇਖਕ ਖੁਦ ਜਿੰਮੇਵਾਰ ਹੈ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ






# BRAMPTON CASH AND CARRY

WHOLESALER | IMPORTER
DISTRIBUTOR | RETAILER

Wholesaler, Importer, Distributor & Retailer of Restaurants Supply








BRAMPTON
CASH & CARRY

Brampton CashandCarry2023@gmail.com

905-230-4800

100 Kennedy Road S., Brampton, ON L6W 3E7

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ
ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਨਟਾਰੀਓ



Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA
BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS








AAPKI PASAND AAPKA SWAAD
DURUM CHAKKI
ATTA
Aapki
PASAND
AAPKA SWAAD
आटा
ਆਟਾ
Indian Style
DURUM
CHAKKI
ATTA
FARINE DE BLÉ
WHOLE WHEAT 100% BLÉ ENTIER
6HR
WEIGHT
20LB
PRICE
$9.99
6HR
SOFTNESS
BEST FOR ROLLS, PARANTHAS. POORIS & HOTBREADS
Contact us
905-230-4800 | 416-700-9100
100 KENNEDY ROAD S., BRAMPTON ON L6W 3E7, CANADA


MS INSURANCE
Secure your trust & life
RAJAT GUPTA
INSURANCE ADVISOR
416-427-8585
www.ms-insurance.ca
rajatgupta2299@gmail.com
Unit 27-90 Eastern Ave, Brampton, ON, L6W 1X9


INSURANCE BENEFITS
visa
SUPER VISA
VISITOR VISA
RESP, TFSA
MORTGAGE INSURANCE
TEHAL SINGH BRAR
LIVING BENEFITS ADVISOR
+(905)-782-2013
www.royalshieldgroup.com
tehalbrarcanada@gmail.com


AAPKI PASAND ATTA
$9.99
Weight 20LB
LAYALPUR ATTA BISCUIT
$11.99
BEST FOOD RUSK
2 FOR $5
SHER ATTA
$13.49
Weight 20LB
DAHI MODHANI
$2.49
Weight 750gm
DAHI MODHANI
$9.99
Weight 2kg
RAJDHANI MUSTARD OIL
$19.99
Weight 5L
RAJDHANI MUSTARD OIL
$8.49
Weight 2L
BROWN SUGAR
$9.99
Weight 11LB
WHITE ONION
$17.99
Weight 50LB
RED ONION
$18.99
Weight 25LB
RED ONION
$7.99
Weight 10LB
TOMATO
$0.99
Weight 1LB
GREEN PEPPERS
$0.99
Weight 1LB
INDIA GATE HARROZ RICE
$7.99
Weight 8LB
RED LABEL TEA
$9.99
Weight 900gm
CAPRI VEGET-ABLE OIL
$32.99
Weight 16L
PLASTIC GLASS (7 oz)
$2.99
50pcs
6 COMPARTMENT THALI CAN GREEN
$7.99
40pcs
SPOON/FORK
$13.99
1000pcs
MAGGI MASALA NOODLES
3 for $1
QUALITY BASMATI RICE
$32
Weight 40LB
ULTRA PUEMIUM TOILET ROLL
$6.99
12 ROLLS
APKI PASAND GOLGAPA
PRICE $3.99
TABLEWARE CUTLERY KIT
PRICE $7.99
WALNUTS HALVES
$3.99
Weight 1LB
AAPKI PASAND COOKIES
$3.99
Weight 2.2LB
COULI FLOWER
$1.99
BRAR BESAN
$3.99
Weight 4LB
KHUSHBOO RICE
$9.99
Weight 10LB
ORGANIC PEARL RICE
$9.98
Weight 10LB
MODHANI PANEER
$4.99
Weight 354gm
OPEN EVERYDAY FROM 9:00 AM TO 9:00 PM
BRAMPTON CASH & CARRY
IMPORTER | WHOLESALER | RETAILER
CONTACT:-
+1 (204) 560-7111
ADDRESS:- 1315 INKSTER BLVD, WINNIPEG MB